Vigilance Bureau Punjab

**Vigilance nabs head constable taking bribe Rs. 3,000**

Chandigarh, July 26: State Vigilance Bureau, today nabbed head constable (HC) Manjit Singh red handed while accepting bribe of Rs 3,000.

Disclosing this here an official spokesperson of the Vigilance Bureau said HC Manjit Singh posted at Sadar police station, Fazilka was nabbed red handed on the complaint of Surta Singh of village Rana, Fazilka district. The complainant has approached the VB and alleged that the accused police official was demanding Rs 3,000 to favor him in a complaint case.

After verifying his information, the Vigilance team laid a trap and the accused HC was arrested on the spot taking bribe of Rs. 3,000 from the complainant in the presence of two official witnesses. He informed that a case under different sections of prevention of corruption act has been registered against him at VB police station Ferozepur and further investigation was under progress.

--------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 3,000 ਦੀ ਰਿਸ਼ਵਤ ਲੈਂਦਾ ਹੌਲਦਾਰ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 26 ਜੁਲਾਈ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸਦਰ ਥਾਣਾ, ਫਾਜਿਲਕਾ ਵਿਖੇ ਤਾਇਨਾਤ ਹੌਲਦਾਰ ਮਨਜੀਤ ਸਿੰਘ ਨੂੰ 3,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਹੌਲਦਾਰ ਨੂੰ ਸ਼ਿਕਾਇਤਕਰਤਾ ਸੂਰਤਾ ਸਿੰਘ ਵਾਸੀ ਪਿੰਡ ਰਾਣਾ, ਜਿਲਾ ਫਾਜਿਲਕਾ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਖਿਲਾਫ਼ ਦਰਜ ਸ਼ਿਕਾਇਤ ਸਬੰਧੀ ਉਸ ਦੀ ਮਦਦ ਕਰਨ ਬਦਲੇ 3,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਹੌਲਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

------